ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : pwdmohali@gmail.com Tel. & Fax No. 0172-2226328

ਵੱਲ;

Principal,
Infant Jesus Convent School,
Sector 65, Phase XI, Mohali.

ਨੰ: 4593 ਮਿਤੀ: 24-6-2020

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਆਪ ਦੇ ਸਕੂਲ ਦਾ ਪੱਤਰ ਨੰ : IJCS/2019-20/70 ਮਿਤੀ 02.03.2020

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋਂ ਇੰਸਪੈਕਸ਼ਨ ਫੀਸ ਰੁ: 20,000/- ਜੀ. ਆਰ. ਨੰ: 166899 ਮਿਤੀ 18.06.2020 ਰਾਹੀਂ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2021 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ।

1 ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।

2 ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ, ਐਸ. ਏ. ਐਸ. ਨਗਰ ਵਲੋਂ ਉਨ੍ਹਾਂ ਦੇ ਨੰ: NOC No. 2004-6901-Fire/4458 ਮਿਤੀ 28.05.2019 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ:ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 163 ਮਿਤੀ 18.06.2020 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Scanned with CamScanner